**ਪ੍ਰਧਾਨ ਮੰਤਰੀ ਨੇ ਘਾਨਾ ਦੀ ਸੰਸਦ ਨੂੰ ਸੰਬੋਧਨ ਕੀਤਾ (03 ਜੁਲਾਈ, 2025)**

ਜੁਲਾਈ 03, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਘਾਨਾ ਦੀ ਸੰਸਦ ਦੇ ਇੱਕ ਵਿਸ਼ੇਸ਼ ਸੈਸ਼ਨ ਨੂੰ ਸੰਬੋਧਿਤ ਕੀਤਾ, ਅਜਿਹਾ ਕਰਨ ਵਾਲੇ ਪਹਿਲੇ ਭਾਰਤੀ ਪ੍ਰਧਾਨ ਮੰਤਰੀ ਬਣ ਗਏ ਹਨ. ਸਦ ਦੇ ਸਪੀਕਰ, ਮਾਣਯੋਗ ਸ਼੍ਰੀ ਅਲਬਾਨ ਕਿੰਗਸਫੋਰਡ ਸੁਮਾਨਾ ਬਾਗਬਿਨ ਦੁਆਰਾ ਬੁਲਾਏ ਗਏ ਇਸ ਸੈਸ਼ਨ ਵਿੱਚ ਦੋਹਾਂ ਦੇਸ਼ਾਂ ਦੇ ਸੰਸਦ ਸਦੱਸ, ਸਰਕਾਰੀ ਅਧਿਕਾਰੀ ਅਤੇ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਇਹ ਸੰਬੋਧਨ ਭਾਰਤ-ਘਾਨਾ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਪਲ ਸੀ, ਜੋ ਦੋਹਾਂ ਦੇਸ਼ਾਂ ਨੂੰ ਇਕਜੁੱਟ ਕਰਨ ਵਾਲੇ ਪਰਸਪਰ ਸਨਮਾਨ ਅਤੇ ਸਾਂਝੀਆਂ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਦਰਸਾਉਂਦਾ ਹੈ।

2. ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਭਾਰਤ ਅਤੇ ਘਾਨਾ ਦੇ ਵਿਚਕਾਰ ਇਤਿਹਾਸਕ ਸਬੰਧਾਂ ਨੂੰ ਉਜਾਗਰ ਕੀਤਾ, ਜੋ ਸੁਤੰਤਰਤਾ ਦੇ ਲਈ ਸਾਂਝੇ ਸੰਘਰਸ਼ਾਂ ਅਤੇ ਲੋਕਤੰਤਰ ਅਤੇ ਸਮਾਵੇਸ਼ੀ ਵਿਕਾਸ ਦੇ ਲਈ ਸਮਾਨ ਵਚਨਬੱਧਤਾ ਦੇ ਦੁਆਰਾ ਬਣਿਆ ਹੈ। ਉਨ੍ਹਾਂ ਨੇ ਘਾਨਾ ਦੇ ਰਾਸ਼ਟਰਪਤੀ, ਮਹਾਮਹਿਮ ਜੌਨ ਡ੍ਰਾਮਾਨੀ ਮਹਾਮਾ ਅਤੇ ਰਾਸ਼ਟਰੀ ਸਨਮਾਨ ਲਈ ਘਾਨਾ ਦੇ ਲੋਕਾਂ ਦੇ ਪ੍ਰਤੀ ਆਭਾਰ ਵਿਅਕਤ ਕੀਤਾ ਅਤੇ ਇਸ ਨੂੰ ਸਥਾਈ ਮਿੱਤਰਤਾ ਦਾ ਪ੍ਰਤੀਕ ਦੱਸਿਆ। ਘਾਨਾ ਦੇ ਮਹਾਨ ਨੇਤਾ -ਡਾ. ਕਵਾਮੇ ਨਕਰੂਮਾਹ ਦੇ ਯੋਗਦਾਨ ਨੂੰ ਸੰਦਰਭਿਤ ਕਰਦੇ ਹੋਏ ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਏਕਤਾ, ਸ਼ਾਂਤੀ ਅਤੇ ਨਿਆਂ ਦੇ ਆਦਰਸ਼ ਮਜ਼ਬੂਤ ਅਤੇ ਸਥਾਈ ਸਾਂਝੇਦਾਰੀ ਦੀ ਨੀਂਹ ਹਨ।

3. ਡਾ. ਨਕਰੂਮਾਹ ਦੀ ਇਸ ਗੱਲ ਨੂੰ ਦੁਹਰਾਉਂਦੇ ਹੋਏ ਕਿਹਾ, ਕਿ - "ਸਾਡੇ ਨੂੰ ਇੱਕਜੁੱਟ ਕਰਨ ਵਾਲੀਆਂ ਸ਼ਕਤੀਆਂ ਅੰਤਰਨਿਹਿਤ ਹਨ ਅਤੇ ਉਨ੍ਹਾਂ ਥੌਪੇ ਗਏ ਪ੍ਰਭਾਵਾਂ ਤੋਂ ਕਿਤੇ ਵੱਧ ਹਨ ਜੋ ਸਾਨੂੰ ਅਲੱਗ ਰੱਖਦੇ ਹਨ ਜੋ ਸਾਨੂੰ ਅਲੱਗ ਰੱਖਦੇ ਹਨ" ਅਤੇ ਡਾ. ਨਕਰੂਮਾਹ ਜਿਨ੍ਹਾਂ ਨੇ ਲੋਕਤੰਤਰੀ ਸੰਸਥਾਵਾਂ ਦੇ ਨਿਰਮਾਣ ਦੇ ਲੰਮੇ ਸਮੇਂ ਦੇ ਪ੍ਰਭਾਵ 'ਤੇ ਬਹੁਤ ਜ਼ਿਆਦਾ ਜ਼ੋਰ ਦਿੱਤਾ, ਦਾ ਹਵਾਲਾ ਦਿੰਦੇ ਹੋਏ ਪ੍ਰਧਾਨ ਮੰਤਰੀ ਨੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਪੋਸ਼ਣ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ। ਇਹ ਦੇਖਦੇ ਹੋਏ ਕਿ ਲੋਕਤੰਤਰ ਦੀ ਜਨਨੀ ਦੇ ਰੂਪ ਵਿੱਚ ਭਾਰਤ ਨੇ ਆਪਣੀ ਸੰਸਕ੍ਰਿਤੀ ਦੇ ਹਿੱਸੇ ਦੇ ਰੂਪ ਵਿੱਚ ਲੋਕਤੰਤਰੀ ਲੋਕਾਚਾਰ ਨੂੰ ਅਪਣਾਇਆ ਹੈ, ਪ੍ਰਧਾਨ ਮੰਤਰੀ ਨੇ ਭਾਰਤ ਵਿੱਚ ਲੋਕਤੰਤਰ ਦੀਆਂ ਗਹਿਰੀਆਂ ਅਤੇ ਜੀਵੰਤ ਜੜ੍ਹਾਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਭਾਰਤ ਦੀ ਵਿਵਿਧਤਾ ਅਤੇ ਲੋਕਤੰਤਰੀ ਸ਼ਕਰੀ ਨੂੰ ਵਿਵਿਧਤਾ ਵਿੱਚ ਏਕਤਾ ਦੀ ਸ਼ਕਤੀ ਦੇ ਪ੍ਰਮਾਣ ਦੇ ਰੂਪ ਵਿੱਚ ਦਰਸਾਇਆ, ਜੋ ਇੱਕ ਅਜਿਹਾ ਮੁੱਲ ਹੈ ਜੋ ਘਾਨਾ ਦੀ ਆਪਣੀ ਲੋਕਤੰਤਰੀ ਯਾਤਰਾ ਵਿੱਚ ਗੂੰਜਦਾ ਹੈ। ਉਨ੍ਹਾਂ ਨੇ ਜਲਵਾਯੂ ਪਰਿਵਰਤਨ, ਅੱਤਵਾਦ, ਮਹਾਂਮਾਰੀ ਅਤੇ ਸਾਈਬਰ ਖਤਰਿਆਂ ਵਰਗੀਆਂ ਗਲੋਬਲ ਚੁਣੌਤੀਆਂ ਨੂੰ ਵੀ ਰੇਖਾਂਕਿਤ ਕੀਤਾ ਅਤੇ ਗਲੋਬਲ ਸ਼ਾਸਨ ਵਿੱਚ ਗਲੋਬਲ ਸਾਊਥ ਦੀ ਸਮੂਹਿਕ ਆਵਾਜ਼ ਦਾ ਸੱਦਾ ਦਿੱਤਾ। ਇਸ ਸੰਦਰਭ ਵਿੱਚ, ਉਨ੍ਹਾਂ ਨੇ ਭਾਰਤ ਦੀ ਪ੍ਰਧਾਨਗੀ ਦੇ ਦੌਰਾਨ G20 ਦੇ ਸਥਾਈ ਸਦੱਸ ਦੇ ਰੂਪ ਵਿੱਚ ਅਫਰੀਕੀ ਯੂਨੀਅਨ ਨੂੰ ਸ਼ਾਮਲ ਕੀਤੇ ਜਾਣ 'ਤੇ ਪ੍ਰਕਾਸ਼ ਪਾਇਆ ।

4. ਪ੍ਰਧਾਨ ਮੰਤਰੀ ਨੇ ਘਾਨਾ ਦੀ ਜੀਵੰਤ ਸੰਸਦੀ ਪ੍ਰਣਾਲੀ ਦੀ ਸ਼ਲਾਘਾ ਕੀਤੀ ਅਤੇ ਦੋਵੇਂ ਦੇਸ਼ਾਂ ਦੀਆਂ ਵਿਧਾਨ ਸਭਾਵਾਂ ਦੇ ਵਿਚਕਾਰ ਵੱਧ ਰਹੇ ਆਦਾਨ-ਪ੍ਰਦਾਨ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਇਸ ਸੰਦਰਭ ਵਿੱਚ, ਉਨ੍ਹਾਂ ਨੇ ਘਾਨਾ-ਭਾਰਤ

ਸੰਸਦੀ ਮਿੱਤਰਤਾ ਸੁਸਾਇਟੀ ਦੀ ਸਥਾਪਨਾ ਦਾ ਸੁਆਗਤ ਕੀਤਾ। ਪ੍ਰਧਾਨ ਮੰਤਰੀ ਨੇ 2047 ਤੱਕ ਦੇਸ਼ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣ ਲਈ ਭਾਰਤ ਦੇ ਲੋਕਾਂ ਦੇ ਸੰਕਲਪ ਨੂੰ ਪ੍ਰਗਟ ਕਰਦੇ ਹੋਏ, ਕਿਹਾ ਕਿ ਭਾਰਤ ਘਾਨਾ ਦੀ ਪ੍ਰਗਤੀ ਅਤੇ ਖੁਸ਼ਹਾਲੀ ਦੀ ਦਿਸ਼ਾ ਵਿੱਚ ਉਸ ਦੇ ਨਾਲ ਮੋਢੇ ਨਾਲ ਮੋਢਾ ਮਿਲਾ ਕੇ ਖੜ੍ਹਾ ਰਹੇਗਾ।

5. ਪ੍ਰਧਾਨ ਮੰਤਰੀ ਦਾ ਪੂਰਾ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ। here

ਅਕਰਾ

ਜੁਲਾਈ 03, 2025